Tape/CD: 1323

# ਪੰਨਾ ੧੦

ਰਾਗੁ ਗੂਜਰੀ ਮਹਲਾ ੫ ॥ ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ
ਜੀਉ ਪਰਿਆ ॥ ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ
ਧਰਿਆ ॥ ੧ ॥ ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸੁ ਤਰਿਆ ॥ ਗੁਰ
ਪਰਸਾਦਿ ਪਰਮ ਪਦੁ ਪਾਇਆ ਸੂਕੇ ਕਾਸਟ ਹਰਿਆ ॥ ੧ ॥ ਰਹਾਉ ॥
ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ ॥ ਸਿਰਿ ਸਿਰਿ
ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ ॥ ੨ ॥ ਊਡੇ ਊਡਿ ਆਵੈ
ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਤਿਨ ਕਵਣੁ ਖਲਾਵੈ ਕਵਣੁ ਚੁਗਾਵੈ
ਮਨ ਮਹਿ ਸਿਮਰਨੁ ਕਰਿਆ ॥ ੩ ॥ ਸਭਿ ਨਿਧਾਨ ਦਸ ਅਸਟ ਸਿਧਾਨ
ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ
ਤੇਰਾ ਅੰਤੁ ਨ ਪਾਰਾਵਰਿਆ ॥ ੪ ॥ ੫ ॥

Tape/CD: 1323

# ਪੰਨਾ ੧੩੦੧

ਕਾਨੜਾ ਮਹਲਾ ੫ ॥ ਸਾਜਨਾ ਸੰਤ ਆਉ ਮੇਰੈ ॥ ੧ ॥
ਰਹਾਉ ॥ ਆਨਦਾ ਗੁਨ ਗਾਇ ਮੰਗਲ ਕਸਮਲਾ ਮਿਟਿ
ਜਾਹਿ ਪਰੇਰੈ ॥ ੧ ॥ ਸੰਤ ਚਰਨ ਧਰਉ ਮਾਥੈ ਚਾਂਦਨਾ
ਗ੍ਰਿਹਿ ਹੋਇ ਅੰਧੇਰੈ ॥ ੨ ॥ ਸੰਤ ਪ੍ਰਸਾਦਿ ਕਮਲ
ਬਿਗਸੈ ਗੋਬਿੰਦ ਭਜਉ ਪੇਖਿ ਨੇਰੈ ॥ ੩ ॥ ਪ੍ਰਭ ਕ੍ਰਿਪਾ ਤੇ
ਸੰਤ ਪਾਏ ਵਾਰਿ ਵਾਰਿ ਨਾਨਕ ਉਹ ਬੇਰੈ
॥ ੪ ॥ ੫ ॥ ੧੬ ॥

Tape/CD: 1323

## ਪੰਨਾ ੩੯੨-੩੯੩

ਆਸਾ ਮਹਲਾ ੫ ॥ ਸਗਲ ਸੂਖ ਜਪਿ ਏਕੈ ਨਾਮ ॥ ਸਗਲ ਧਰਮ ਹਰਿ ਕੇ ਗੁਣ ਗਾਮ ॥ ਮਹਾ ਪਵਿਤ੍ਰ ਸਾਧ ਕਾ ਸੰਗੁ ॥ ਜਿਸੁ ਭੇਟਤ ਲਾਗੈ ਪ੍ਰਭ ਰੰਗੁ ॥ ੧ ॥ ਗੁਰ ਪ੍ਰਸਾਦਿ ਓਇ ਆਨੰਦ ਪਾਵੈ ॥ ਜਿਸੁ ਸਿਮਰਤ ਮਨਿ ਹੋਇ ਪ੍ਰਗਾਸਾ ਤਾ ਕੀ ਗਤਿ ਮਿਤਿ ਕਹਨੁ ਨ ਜਾਵੈ ॥ ੧ ॥ ਰਹਾਉ ॥ ਵਰਤ ਨੇਮ ਮਜਨ ਤਿਸੁ ਪੂਜਾ ॥ ਬੇਦ ਪੁਰਾਨ ਤਿਨਿ ਸਿੰਮ੍ਰਿਤਿ ਸੁਨੀਜਾ ॥ ਮਹਾ ਪੁਨੀਤ ਜਾ ਕਾ ਨਿਰਮਲ ਥਾਨੁ ॥ ਸਾਧਸੰਗਤਿ ਜਾ ਕੈ ਹਰਿ ਹਰਿ ਨਾਮੁ ॥ ੨ ॥ ਪ੍ਰਗਟਿਓ ਸੋ ਜਨੁ ਸਗਲੇ ਭਵਨ ॥ ਪਤਿਤ ਪੁਨੀਤ ਤਾ ਕੀ ਪਗ ਰੇਨ ॥ ਜਾ ਕਉ ਭੇਟਿਓ ਹਰਿ ਹਰਿ ਰਾਇ ॥ ਤਾ ਕੀ ਗਤਿ ਮਿਤਿ ਕਥਨੁ ਨ ਜਾਇ ॥ ੩ ॥ ਆਠ ਪਹਰ ਕਰ ਜੋੜਿ ਧਿਆਵਉ ॥ ਉਨ ਸਾਧਾ ਕਾ ਦਰਸਨੁ ਪਾਵਉ ॥ ਮੋਹਿ ਗਰੀਬ ਕਉ ਲੇਹੁ ਰਲਾਇ ॥ ਨਾਨਕ ਆਇ ਪਏ ਸਰਣਾਇ ॥ ੪ ॥ ੩੮ ॥ ੮੯ ॥

Tape/CD: 1323

## ਪੰਨਾ ੧੧੪੬

ਭੈਰਉ ਮਹਲਾ ੫ ॥ ਸੰਤ ਮੰਡਲ ਮਹਿ ਹਰਿ ਮਨਿ ਵਸੈ ॥ ਸੰਤ ਮੰਡਲ ਮਹਿ ਦੁਰਤੁ ਸਭੁ ਨਸੈ ॥ ਸੰਤ ਮੰਡਲ ਮਹਿ ਨਿਰਮਲ ਰੀਤਿ ॥ ਸੰਤਸੰਗਿ ਹੋਇ ਏਕ ਪਰੀਤਿ ॥ ੧ ॥ ਸੰਤ ਮੰਡਲੁ ਤਹਾ ਕਾ ਨਾਉ ॥ ਪਾਰਬ੍ਰਹਮ ਕੇਵਲ ਗੁਣ ਗਾਉ ॥ ੧ ॥ ਰਹਾਉ ॥ ਸੰਤ ਮੰਡਲ ਮਹਿ ਜਨਮ ਮਰਣੁ ਰਹੈ ॥ ਸੰਤ ਮੰਡਲ ਮਹਿ ਜਮੁ ਕਿਛੂ ਨ ਕਹੈ ॥ ਸੰਤਸੰਗਿ ਹੋਇ ਨਿਰਮਲ ਬਾਣੀ ॥ ਸੰਤ ਮੰਡਲ ਮਹਿ ਨਾਮੁ ਵਖਾਣੀ ॥ ੨ ॥ ਸੰਤ ਮੰਡਲ ਕਾ ਨਿਹਚਲ ਆਸਨੁ ॥ ਸੰਤ ਮੰਡਲ ਮਹਿ ਪਾਪ ਬਿਨਾਸਨੁ ॥ ਸੰਤ ਮੰਡਲ ਮਹਿ ਨਿਰਮਲ ਕਥਾ ॥ ਸੰਤਸੰਗਿ ਹਉਮੈ ਦੁਖ ਨਸਾ ॥ ੩ ॥ ਸੰਤ ਮੰਡਲ ਕਾ ਨਹੀ ਬਿਨਾਸੁ ॥ ਸੰਤ ਮੰਡਲ ਮਹਿ ਹਰਿ ਗੁਣਤਾਸੁ ॥ ਸੰਤ ਮੰਡਲ ਠਾਕੁਰ ਬਿਸ੍ਰਾਮੁ ॥ ਨਾਨਕ ਓਤਿ ਪੋਤਿ ਭਗਵਾਨੁ ॥ ੪ ॥ ੨੪ ॥ ੩੭ ॥